**ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ 1 ਕਿਲੋ ਅਫੀਮ ਸਮੇਤ 1 ਵਿਅਕਤੀ ਨੂੰ ਕੀਤਾ ਗ੍ਰਿਫਤਾਰ।**



**ਸ੍ਰੀ ਮੁਕਤਸਰ ਸਾਹਿਬ (                    ) ਸ੍ਰੀ ਤੁਸ਼ਾਰ ਗੁਪਤਾ ਆਈ.ਪੀ.ਐਸ ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਜਿਲਾ ਅੰਦਰ ਨਸ਼ਿਆਂ ਖਿਲਾਫ ਵਿੱਡੀ ਮੁਹਿੰਮ ਤਹਿਤ ਜਿੱਥੇ ਪੁਲਿਸ ਦੀਆਂ ਅਲੱਗ ਅਲੱਗ ਟੁਕੜੀਆਂ ਬਣਾ ਕੇ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ ਉੱਥੇ ਹੀ ਨਸ਼ਾ ਤਸਕਰਾਂ ਨੂੰ ਫੜ ਕੇ ਉਹਨਾਂ ਖਿਲਾਫ ਬਣਦੀ ਕਾਰਵਾਈ ਕੀਤੀ ਜਾ ਰਹੀ ਹੈ। ਇਸੇ ਤਹਿਤ ਹੀ ਸ. ਮਨਮੀਤ ਸਿੰਘ ਢਿੱਲੋ ਐਸ.ਪੀ (ਡੀ) ਅਤੇ ਜਸਪਾਲ ਸਿੰਘ ਡੀ.ਐਸ.ਪੀ(ਲੰਬੀ) ਦੀ ਨਿਗਰਾਨੀ ਹੇਠ ਇੰਸਪੈਕਟਰ  ਦਵਿੰਦਰ ਕੁਮਾਰ ਮੁੱਖ ਅਫਸਰ ਥਾਣਾ ਕਬਰਵਾਲਾ ਅਤੇ ਪੁਲਿਸ ਪਾਰਟੀ ਵੱਲੋਂ ਕਾਰਵਾਈ ਕਰਦੇ ਹੋਏ 1 ਵਿਅਕਤੀ ਨੂੰ 1 ਕਿਲੋ ਅਫੀਮ ਸਮੇਤ ਕਾਬੂ ਕੀਤਾ ਗਿਆ ਹੈ।**

**ਜਾਣਕਾਰੀ ਅਨੁਸਾਰ ਕਬਰਵਾਲਾ ਪੁਲਿਸ ਪਾਰਟੀ  ਬ੍ਰਾਏ ਗਸ਼ਤ ਵਾ ਚੈਕਿੰਗ ਸ਼ੱਕੀ ਪੁਰਸ਼ਾਂ ਦੇ ਸਬੰਧ ਪਿੰਡ ਪੱਕੀ ਟਿੱਬੀ ਮੌਜੂਦ ਸਨ**

**ਤਾਂ ਸਾਹਮਣੇ ਇੱਕ ਵਿਅਕਤੀ  ਖੜਾ ਦਿਖਾਈ ਦਿੱਤਾ । ਜਿਸ ਨੂੰ ਸ਼ੱਕ ਦੀ ਬਿਨਾਂ ਪਰ ਉਸ ਵਿਅਕਤੀ ਦਾ ਨਾਮ ਪੁੱਛਿਆ ਤਾਂ ਉਸ ਨੇ ਆਪਣਾ ਨਾਮ ਦੇਵੀ ਲਾਲ ਡੋਲੀ ਪੁੱਤਰ ਬਾਲੂ ਜੀ ਡੋਲੀ ਵਾਸੀ ਤੁਮਬਾੜੀਯਾ ਤਹਿ ਗੰਗਰਾਰ ਜਿਲਾ ਚਿਤੌੜਗੜ੍ਹ ਰਾਜਸਥਾਨ ਦੱਸਿਆ। ਪੁਲਿਸ ਵੱਲੋਂ ਸ਼ੱਕ ਦੇ ਅਧਾਰ ਤੇ ਉਸ ਦੀ ਤਲਾਸ਼ੀ ਕੀਤੀ ਤਾਂ ਉਸ ਪਾਸੋਂ 1 ਕਿੱਲੋ ਅਫੀਮ ਬ੍ਰਾਮਦ ਹੋਈ। ਜਿਸ ਤੇ ਉਕਤ ਦੋਸ਼ੀ ਤੇ ਪੁਲਿਸ ਵਲੋਂ ਮੁੱਕਦਮਾ ਨੰ  118 ਮਿਤੀ 06.12.2024 ਅ/ਧ 18C/61/85 ਐਨ.ਡੀ.ਪੀ.ਐਸ ਐਕਟ ਥਾਣਾ ਕਬਰਵਾਲਾ ਵਿਖੇ ਦਰਜ਼ ਕਰ ਅਗਲੇਰੀ ਕਾਰਵਾਈ ਸ਼ੁਰੂ ਕੀਤੀ ਗਈ।**